# ਪਿਆਰੇ ਵਿਦਿਆਰਥੀਓ!!



7ਵੀਂ ਜਮਾਤ ਦੀ ਇਸ ਈ-ਬੁੱਕ ਵਿਚ ਕੰਪਿਊਟਰ ਸਾਇੰਸ ਦੇ ਨਵੇਂ ਸਿਲੇਬਸ (2023-24) ਅਨੁਸਾਰ ਤੁਹਾਨੂੰ ਸਟਡੀ ਮਟੀਰੀਅਲ ਭੇਜਿਆ ਜਾ ਰਿਹਾ ਹੈ। ਤੁਸੀਂ ਆਪਣੇ ਟੈਸਟ/ਪੇਪਰਾਂ ਦੀ ਤਿਆਰੀ ਇਹਨਾਂ ਨੋਟਸਾਂ ਨੂੰ ਪੜ੍ਹਦੇ ਹੋਏ ਅਤੇ ਹੇਠਾਂ ਦਿਤੇ ਵਿਡੀਓ ਲੈਕਚਰਾਂ ਨੂੰ ਦੇਖਦੇ ਹੋਏ ਬੜੀ ਆਸਾਨੀ ਨਾਲ ਕਰ ਸਕਦੇ ਹੋ। ਨਿੱਚੇ ਨਿੱਲੇ ਰੰਗ ਵਿਚ ਵਿਡੀਓ ਲੈਕਚਰਾਂ ਦੇ ਲਿੰਕ ਦਿਤੇ ਗਏ ਹਨ, ਜਿਨ੍ਹਾਂ ਉਪਰ ਕਲਿੱਕ ਕਰਕੇ ਤੁਸੀਂ ਸੰਬੰਧਤ ਪਾਠ ਦਾ ਵਿਡੀਓ ਲੈਕਚਰ ਦੇਖਦੇ ਹੋਏ ਉਸ ਪਾਠ ਨੂੰ ਚੰਗੀ ਤਰ੍ਹਾਂ ਸਮਝ ਸਕਦੇ ਹੋ।

## 7ਵੀਂ ਜਮਾਤ ਲਈ ਕੰਪਿਊਟਰ ਸਾਇੰਸ ਦੇ ਸਿਲੇਬਸ ਦੀ ਮਹੀਨਾਵਾਰ ਵੰਡ ਅਤੇ ਵਿਡੀਓ ਲੈਕਚਰਜ਼ ਦੇ ਲਿੰਕ

| ਮਹੀਨਾ | ਪਾਠ ਅਤੇ ਉਸਦਾ ਨਾਂ | ਵਿਡੀਓ ਲੈਕਚਰ ਦਾ ਲਿੰਕ |
|---|---|---|
| ਅਪ੍ਰੈਲ | ਪਾਠ-1 ਟਾਈਪਿੰਗ ਟਿਊਟਰ | https://youtu.be/GUFCpc_x-DA |
| ਮਈ | ਪਾਠ-2 ਵਿੰਡੋਜ਼ ਐਕਸਪਲੋਰਰ | https://youtu.be/0E3I0GFbMJs |
| ਜੁਲਾਈ | ਪਾਠ-3 ਮਾਈਕਰੋਸਾਫਟ ਵਰਡ (ਭਾਗ-1) | |
| ਅਗਸਤ | ਪਾਠ-4 ਮਾਈਕਰੋਸਾਫਟ ਵਰਡ (ਭਾਗ-2) | https://youtu.be/vvQwkvhAXPI |
| ਅਕਤੂਬਰ | ਪਾਠ-5 ਮਾਈਕਰੋਸਾਫਟ ਵਰਡ (ਭਾਗ-3) | https://youtu.be/OWBofDDSpH0 |
| ਨਵੰਬਰ | ਪਾਠ-6 ਮਾਈਕਰੋਸਾਫਟ ਵਰਡ (ਭਾਗ-4) | https://youtu.be/1s5-qjor608 |
| ਦਸੰਬਰ | ਪਾਠ-7 ਮਲਟੀਮੀਡੀਆ ਨਾਲ ਜਾਣ ਪਛਾਣ | |
| ਜਨਵਰੀ | ਪਾਠ-8 ਸਟੋਰੇਜ਼ ਡਿਵਾਇਸਿਜ਼ | https://youtu.be/HcGdrY9BQiE |

**ਪ੍ਰੈਕਟੀਕਲ ਨਾਲ ਸੰਬੰਧਤ ਵਿਡੀਓ ਲੈਕਚਰਜ਼:**

| | |
|---|---|
| ਵਿੰਡੋਜ਼ ਐਕਸਪਲੋਰਰ | https://youtu.be/XgaC4GRhOgs |

**PLEASE DO NOT FORGET TO LIKE, SHARE AND SUBSCRIBE OUR YOUTUBE CHANNEL**

YouTube **http://youtube.com/c/computersciencepunjab**

**ਤਿਆਰ ਕਰਤਾ:**

**ਵਿਕਾਸ ਕਾਂਸਲ ਅਤੇ ਸੁਖਵਿੰਦਰ ਸਿੰਘ**

ਕੰਪਿਊਟਰ ਫੈਕਲਟੀ, ਸ਼ਹੀਦ ਉਧਮ ਸਿੰਘ ਸਰਕਾਰੀ (ਕੰ) ਸੀ. ਸੈ. ਸਕੂਲ, ਸੁਨਾਮ ਊਧਮ ਸਿੰਘ ਵਾਲਾ (ਸੰਗਰੂਰ)

**6ਵੀਂ ਤੋਂ 12ਵੀਂ ਕਿਸੇ ਵੀ ਜਮਾਤ ਲਈ ਕੰਪਿਊਟਰ ਸਾਇੰਸ ਦੇ ਸਟਡੀ ਮਟੀਰੀਅਲ/ਈ-ਬੁੱਕਸ/ਈ-ਕੰਟੈਂਟਸ (ਪੰਜਾਬੀ/ਅੰਗਰੇਜ਼ੀ ਮਾਧਿਅਮ ਵਿਚ) ਡਾਊਨਲੋਡ ਕਰਨ ਲਈ ਹੇਠਾਂ ਦਿਤੇ ਲਿੰਕ ਦੀ ਵਰਤੋਂ ਕਰੋ ਜੀ:**

**http://cspunjab.nirmancampus.co.in/study.php**

## ਪਾਠ-1
## ਟਾਈਪਿੰਗ ਟਿਊਟਰ

**ਪ੍ਰਸ਼ਨ:1 ਬਹੁਪਸੰਦੀ ਪ੍ਰਸ਼ਨ:**

1. ਨੰਬਰ ਪੈਡ ਦੀ ਵਰਤੋਂ ਲਈ _______ ਕੀਅ ON ਹੋਣੀ ਚਾਹੀਦੀ ਹੈ।
   (ੳ) Num lock (ਅ) Caps Lock (ੲ) scroll lock (ਸ) ਉਪਰੋਕਤ ਵਿਚੋਂ ਕੋਈ ਨਹੀਂ
2. ਹੋਮ ਰੋਅ ਵਿਚ ਖੱਬੇ ਹੱਥ ਦੀ ਸਭ ਤੋਂ ਛੋਟੀ ਉਂਗਲੀ ਨਾਲ _______ ਕੀਅ ਦਬਾਈ ਜਾਂਦੀ ਹੈ।
   (ੳ) A (ਅ) S (ੲ) D (ਸ) F
3. ਹੋਮ ਰੋਅ ਵਿਚ ਸੱਜੇ ਹੱਥ ਦੀ ਮੱਦ/ਵਿਚਲੀ ਉਂਗਲੀ ਨਾਲ _______ ਕੀਅ ਦਬਾਈ ਜਾਂਦੀ ਹੈ।
   (ੳ) J (ਅ) K (ੲ) L (ਸ) ;
4. ਦੂਜੀ ਰੋਅ ਵਿਚ ਖੱਬੇ ਹੱਥ ਦੀ ਰਿੰਗ ਉਂਗਲੀ ਨਾਲ _______ ਕੀਅ ਦਬਾਈ ਜਾਂਦੀ ਹੈ।
   (ੳ) Q (ਅ) W (ੲ) E (ਸ) R
5. ਤੀਜੀ ਰੋਅ ਵਿਚ ਸੱਜੇ ਹੱਥ ਦੀ ਇੰਡੈਕਸ ਉਂਗਲੀ ਨਾਲ _______ ਕੀਅ ਦਬਾਈ ਜਾਂਦੀ ਹੈ।
   (ੳ) B (ਅ) N (ੲ) M (ਸ) M ਅਤੇ N

**ਪ੍ਰਸ਼ਨ:2 ਖਾਲੀ ਥਾਵਾਂ ਭਰੋ।**

1. ਟਾਈਪਿੰਗ ਕਰਨ ਲਈ ਕੀਅ ਬੋਰਡ ਨੂੰ ______________ ਭਾਗਾਂ ਵਿੱਚ ਵੰਡਿਆ ਜਾ ਸਕਦਾ ਹੈ।
2. ਕੀਅ ਬੋਰਡ ਨੂੰ ਬਿਨਾਂ ਦੇਖੇ ਟਾਈਪ ਕਰਨ ਦੀ ਤਕਨੀਕ ਨੂੰ _________ ਕਿਹਾ ਜਾਂਦਾ ਹੈ।
3. ਟਾਈਪਿੰਗ ਕਰਦੇ ਸਮੇਂ ਸਪੇਸ ਬਾਰ ਨੂੰ __________ ਨਾਲ ਦਬਾਇਆ ਜਾਂਦਾ ਹੈ।
4. ਟਾਈਪਿੰਗ ਕਰਦੇ ਹੋਏ ਨਵੀਂ ਲਾਈਨ ਵਿੱਚ ਜਾਣ ਲਈ _________ ਕੀਅ ਦੀ ਵਰਤੋਂ ਕੀਤੀ ਜਾਂਦੀ ਹੈ

ਉੱਤਰ: I. ਦੋ II. ਟੱਚ ਟਾਈਪਿੰਗ III. ਅੰਗੂਠੇ IV. ਐਂਟਰ

**ਪ੍ਰਸ਼ਨ:3 ਛੋਟੇ ਉਤਰਾਂ ਵਾਲੇ ਪ੍ਰਸ਼ਨ।**

**ਪ੍ਰ:1 ਟੱਚ ਟਾਈਪਿੰਗ ਕੀ ਹੈ?**

ਉ: ਟੱਚ ਟਾਈਪਿੰਗ ਇੱਕ ਤਕਨੀਕ ਹੈ ਜਿਸ ਦੁਆਰਾ ਅਸੀਂ ਕੀਅਬੋਰਡ ਨੂੰ ਵੇਖੇ ਬਿਨਾਂ, ਸਾਰੀਆਂ ਉਂਗਲਾਂ ਨਾਲ ਕਦਮ-ਦਰ-ਕਦਮ ਟਾਈਪਿੰਗ ਕਰਨਾ ਸਿਖ ਸਕਦੇ ਹਾਂ। ਜੇਕਰ ਅਸੀਂ ਟਾਈਪ ਕਰਨ ਸਮੇਂ ਕੀਅਬੋਰਡ ਉੱਪਰ ਕੀਅਜ਼ ਲੱਭਦੇ ਰਹਾਂਗੇ ਤਾਂ ਨਤੀਜੇ ਵੱਜੋਂ ਸਾਡੀ ਟਾਈਪਿੰਗ ਸਪੀਡ ਬਹੁਤ ਹੌਲੀ ਹੋ ਜਾਵੇਗੀ।

**ਪ੍ਰ:2 ਹੋਮ ਰੋਅ ਉੱਪਰ ਸਾਡੀਆਂ ਉਂਗਲਾਂ ਦੀ ਸਥਿਤੀ ਦਾ ਵਰਨਣ ਕਰੋ।**

ਉ: ਹੋਮ ਰੋਅ ਉੱਪਰ ਉਂਗਲਾਂ ਦੀ ਸਥਿਤੀ ਨੂੰ ਹੇਠਾਂ ਚਿੱਤਰ ਵਿੱਚ ਦਰਸ਼ਾਇਆ ਗਿਆ ਹੈ।

**ਖੱਬਾ ਹੱਥ**

| | |
|---|---|
| ਛੋਟੀ (ਚੌਥੀ) ਉਂਗਲੀ | A |
| ਰਿੰਗ (ਤੀਜੀ) ਉਂਗਲੀ | S |
| ਮੱਧ (ਦੂਜੀ ਉਂਗਲੀ) | D |
| ਇੰਡੈਕਸ (ਪਹਿਲੀ) ਉਂਗਲੀ | F ਅਤੇ G |

**ਸੱਜਾ ਹੱਥ**

| | |
|---|---|
| ਛੋਟੀ (ਚੌਥੀ) ਉਂਗਲੀ | ; |
| ਰਿੰਗ (ਤੀਜੀ) ਉਂਗਲੀ | L |
| ਮੱਧ (ਦੂਜੀ ਉਂਗਲੀ) | K |
| ਇੰਡੈਕਸ (ਪਹਿਲੀ) ਉਂਗਲੀ | J ਅਤੇ H |


**ਚਿਤਰ : ਦੋਵੇਂ ਹੱਥਾਂ ਦੀਆਂ ਹੋਮ ਰੋਅ ਦੀਆਂ ਕੀਅਜ਼**

**ਪ੍ਰ:3 ਟਾਈਪਿੰਗ ਦੀ ਸਪੀਡ ਨੂੰ ਸੁਧਾਰਨ ਲਈ ਕਿਹੜੇ ਸੁਝਾਅ ਹਨ?**

ਉ: ਟਾਈਪਿੰਗ ਸਪੀਡ ਨੂੰ ਵਧਾਉਣ ਲਈ ਕੁੱਝ ਸੁਝਾਅ ਹੇਠਾਂ ਦਿਤੇ ਗਏ ਹਨ:

- ਸਾਡੇ ਹੱਥ/ਉਂਗਲਾਂ ਦੀ ਸਥਿਤੀ ਹਮੇਸ਼ਾ ਹੋਮ ਰੋਅ ਉੱਤੇ ਹੋਣੀ ਚਾਹਿਦੀ ਹੈ। ਸਾਨੂੰ ਹੋਮ ਰੋਅ ਪੁਜੀਸ਼ਨ ਤੋਂ ਹੋਰਨਾਂ ਰੋਅਜ਼ ਦੀਆਂ ਕੀਜ਼ ਤੱਕ ਪਹੁੰਚ ਕਰਨੀ ਚਾਹੀਦੀ ਹੈ।
- ਸਾਨੂੰ ਆਪਣਾ ਜਿਆਦਾ ਧਿਆਨ ਰਫਤਾਰ ਨਾਲੋਂ ਸਹੀ ਕੀਅ ਦਬਾਉਣ ਉੱਤੇ ਰਖੱਣਾ ਚਾਹੀਦਾ ਹੈ।
- ਟਾਈਪਿੰਗ ਕਰਦੇ ਸਮੇਂ ਕੀਅਬੋਰਡ ਉੱਪਰ ਨਾਂ ਦੇਖੋ।
- ਲਗਾਤਾਰ, ਆਰਾਮ ਨਾਲ ਅਤੇ ਸਹੀ ਟਾਈਪ ਕਰਨ ਵੱਲ ਧਿਆਨ ਰਖੋ।
- ਹਰ-ਇੱਕ ਕੀਅ ਨੂੰ ਦਬਾਉਂਦੇ ਹੋਏ ਸਾਨੂੰ ਉਹ ਅਖੱਰ ਅਪਣੇ ਮਨ ਵਿੱਚ ਦੁਹਰਾਉਣਾ ਚਾਹੀਦਾ ਹੈ।

**ਪ੍ਰ:4 ਨੁਮੈਰਿਕ ਕੀਅਪੈਡ ਨਾਲ ਨੰਬਰ ਟਾਈਪ ਕਰਨ ਲਈ ਕਿਹੜੇ ਹੱਥ ਦੀ ਵਰਤੋਂ ਕੀਤੀ ਜਾਂਦੀ ਹੈ? ਨੁਮੈਰਿਕ ਕੀਅਪੈਡ ਉਪਰ ਉਂਗਲਾਂ ਦੀ ਸਥਿਤੀ ਦਾ ਵਰਨਣ ਵੀ ਕਰੋ।**




ਉ: ਨੁਮੈਰਿਕ ਕੀਅਪੈਡ ਕੀਬੋਰਡ ਦੇ ਸੱਜੇ ਪਾਸੇ ਮੌਜੂਦ ਹੁੰਦੀ ਹੈ। ਸਾਨੂੰ ਇਸ ਦੀਆਂ ਕੀਅਜ਼ ਨਾਲ ਕੰਮ ਕਰਨ ਲਈ ਸਿਰਫ ਇੱਕ ਹੱਥ (ਸੱਜਾ ਹੱਥ) ਵਰਤਣਾ ਪੈਂਦਾ ਹੈ। ਇਨ੍ਹਾਂ ਕੀਅਜ਼ ਉਪਰ ਕੰਮ ਕਰਨ ਲਈ ਵਰਤੀਆਂ ਜਾਣ ਵਾਲੀਆਂ ਉਂਗਲਾਂ ਸੰਬੰਧੀ ਜਾਣਕਾਰੀ ਹੇਠਾਂ ਅਨੁਸਾਰ ਹੈ:

- **ਇੰਡੈਕਸ ਉਂਗਲ** ਨਾਲ 1, 4 ਅਤੇ 7 ਕੀਅਜ਼ ਦਬਾਈਆਂ ਜਾਂਦੀਆਂ ਹਨ।
- **ਮੱਧ ਉਂਗਲ** ਨਾਲ 2, 5 ਅਤੇ 8 ਕੀਅਜ਼ ਦਬਾਈਆਂ ਜਾਂਦੀਆਂ ਹਨ।
- **ਰਿੰਗ ਉਂਗਲ** ਨਾਲ 3, 6 ਅਤੇ 9 ਕੀਅਜ਼ ਦਬਾਈਆਂ ਜਾਂਦੀਆਂ ਹਨ।
- **ਛੋਟੀ ਉਂਗਲ** ਨਾਲ *Enter*, " + " ਅਤੇ " - " ਕੀਅਜ਼ ਦਬਾਈਆਂ ਜਾਂਦੀਆਂ ਹਨ।
- **ਅੰਗੂਠੇ** ਦੀ ਵਰਤੋਂ 0 ਕੀਅ ਨੂੰ ਦਬਾਉਣ ਲਈ ਕੀਤੀ ਜਾਂਦੀ ਹੈ।

## ਪ੍ਰਸ਼ਨ:4 ਵੱਡੇ ਉੱਤਰਾਂ ਵਾਲੇ ਪ੍ਰਸ਼ਨ

**ਪ੍ਰ:1 ਟਾਈਪਿੰਗ ਕਰਦੇ ਸਮੇਂ ਬੈਠਣ ਦੇ ਸਹੀ ਤਰੀਕੇ ਦਾ ਵਰਨਣ ਕਰੋ।**




ਉ: ਟਾਈਪਿੰਗ ਕਰਦੇ ਸਮੇਂ ਸਹੀ ਤਰੀਕੇ ਨਾਲ ਬੈਠਣ ਸੰਬੰਧੀ ਹੇਠਾਂ ਦਿਤੀਆਂ ਗੱਲਾਂ ਦਾ ਧਿਆਨ ਰੱਖੋ:

I. ਸਾਨੂੰ ਬਿਲਕੁਲ ਸਿੱਧੇ ਅਤੇ ਕੀਅ-ਬੋਅਡ ਦੇ ਬਿਲਕੁਲ ਸਾਹਮਣੇ ਬੈਠਣਾ ਚਾਹੀਦਾ ਹੈ।
II. ਸਾਡੇ ਪੈਰ ਜਮੀਨ ਉੱਤੇ ਸਿੱਧੇ ਹੋਣੇ ਚਾਹੀਦੇ ਹਨ।
III. ਕੰਪਿਊਟਰ ਦਾ ਮੋਨੀਟਰ ਸਾਡੀਆਂ ਅੱਖਾਂ ਦੇ ਬਰਾਬਰ ਸਾਹਮਣੇ ਹੋਣਾ ਚਾਹੀਦਾ ਹੈ।
IV. ਟਾਈਪਿੰਗ ਕਰਦੇ ਸਮੇਂ ਸਾਡੀ ਨਜ਼ਰ ਮੋਨੀਟਰ ਉੱਤੇ ਜਾਂ ਕਾਪੀ ਉੱਤੇ ਹੋਣੀ ਚਾਹੀਦੀ ਹੈ।
V. ਸਾਡੀਆਂ ਉਂਗਲਾਂ ਗੋਲਾਈ ਵਿੱਚ ਅਤੇ ਹੋਮ ਰੋਅ ਕੀਜ਼ ਉੱਤੇ ਹੋਣੀਆਂ ਚਾਹੀਦੀਆਂ ਹਨ।

**ਪ੍ਰ:2 ਹੇਠਾਂ ਦਿਤੀਆਂ ਕੀਅਜ਼ ਦਾ ਵਰਨਣ ਕਰੋ।**

ੳ. **Enter ਕੀਅ:** ਇਹ ਕੀਅ ਨਵੀਂ ਲਾਈਨ ਤੇ ਜਾਉਣ ਲਈ ਵਰਤੀ ਜਾਂਦੀ ਹੈ। ਐਂਟਰ ਕੀਅ ਦਬਾਉਣ ਲਈ ਅਸੀਂ ਆਪਣੇ ਸੱਜੇ ਹੱਥ ਦੀ ਸਭ ਤੋਂ ਛੋਟੀ ਉਂਗਲ ਦੀ ਵਰਤੋਂ ਕਰਦੇ ਹਾਂ।

ਅ. **Backspace ਕੀਅ:** ਇਹ ਕੀਅ ਕਰਸਰ ਦੇ ਖੱਬੇ ਪਾਸੇ ਇਕ ਅੱਖਰ ਮਿਟਾਉਣ ਲਈ ਵਰਤੀ ਜਾਂਦੀ ਹੈ। ਅਸੀਂ ਇਸ ਲਈ ਆਪਣੇ ਸੱਜੇ ਹੱਥ ਦੀ ਛੋਟੀ ਉਂਗਲ ਦੀ ਵਰਤੋਂ ਕਰਦੇ ਹਾਂ

ੲ. **Shift ਕੀਅ:** ਇਹ ਕੀਅ ਕੀਅਬੋਰਡ ਦੇ ਦੋਵੇਂ ਪਾਸੇ ਮੌਜੁਦ ਹੁੰਦੀ ਹੈ। ਇਸਦੀ ਵਰਤੋਂ ਅੰਗਰੇਜੀ ਵਰਣਮਾਲਾ ਦੇ ਵੱਡੇ ਅੱਖਰ (capital letters) ਜਾਂ ਕਿਸੇ ਕੀਅ ਦੇ ਉਪਰ ਛਪਿਆ ਉਪਰਲਾ ਬਟਨ ਟਾਈਪ ਕਰਨ ਲਈ ਕੀਤੀ ਜਾਂਦੀ ਹੈ।

